ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਇੱਕ .30 ਬੋਰ ਪਿਸਟਲ, 4 ਜਿੰਦਾ ਕਾਰਤੂਸ ਸਮੇਤ 3 ਵਿਅਕਤੀ ਕਾਬੂ।



ਸ੍ਰੀ ਮੁਕਤਸਰ ਸਾਹਿਬ ( ) ਸ੍ਰੀ ਗੌਰਵ ਯਾਦਵ ਆਈ.ਪੀ.ਐੱਸ, ਡੀ.ਜੀ.ਪੀ. ਪੰਜਾਬ ਅਤੇ ਸ੍ਰੀ ਤੁਸ਼ਾਰ ਗੁਪਤਾ ਆਈ.ਪੀ.ਐਸ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਜੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਸ.ਰਮਨਦੀਪ ਸਿੰਘ ਗਿੱਲ ਡੀ.ਐਸ.ਪੀ (ਡੀ) ਸ੍ਰੀ ਮੁਕਤਸਰ ਸਾਹਿਬ ਅਤੇ ਇੰਸਪੈਕਟਰ ਜਸਕਰਨਦੀਪ ਸਿੰਘ ਮੁੱਖ ਅਫਸਰ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਤੇ ਪੁਲਿਸ ਪਾਰਟੀ ਨੂੰ ਉਸ ਸਮੇਂ ਸਫਲ ਕੀਤੀ ਕਿ ਜਦੋਂ ਪੁਲਿਸ ਵੱਲੋਂ ਤਿੰਨ ਵਿਅਕਤੀਆਂ ਨੂੰ ਕਾਬੂ ਕੀਤਾ ਜਿਨਾਂ ਪਾਸੋਂ ਇੱਕ .30 ਬੋਰ ਪਿਸਟਲ, 4 ਕਾਰਤੂਸ ਜਿੰਦਾ ਕਾਰਤੂਸ ਬਰਾਮਦ ਹੋਏ ਹਨ

ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਗਸ਼ਤ ਵਾ ਚੈਕਿੰਗ ਦੌਰਾਨ ਨੇੜੇ ਬੱਸ ਸਟੈਂਡ ਸ੍ਰੀ ਮੁਕਤਸਰ ਸਾਹਿਬ ਮੌਜੂਦ ਸੀ ਤਾਂ ਮੁਖਬਰ ਦੀ ਇਤਲਾਹ ਤੇ ਜੀਵਨ ਸਿੰਘ ਉਰਫ ਗੁਰ ਜੀਵਨ ਪੁੱਤਰ ਜਗਮੇਲ ਸਿੰਘ ਮਨਿੰਦਰ ਸਿੰਘ ਉਰਫ ਮਣੀ ਪੁੱਤਰ ਜਗਤਾਰ ਸਿੰਘ ਵਾਸੀ ਆਣ ਪਿੰਡ ਅਵਲ ਖਰਾਣਾ ਅਤੇ ਸੁਰਿੰਦਰ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਪਿੰਡ ਤੱਪਾ ਖੇੜਾ ਨੂੰ ਕਾਬੂ ਕੀਤਾ ਗਿਆ ਜਿਨਾਂ ਪਾਸੋਂ ਇੱਕ .30 ਬੋਰ ਪਿਸਟਲ ਅਤੇ ਚਾਰ ਜਿੰਦਾ ਕਾਰਤੂਸ ਬਰਾਮਦ ਕੀਤੇ ਗਏ ਜਿਸ ਤੇ ਪੁਲਿਸ ਵੱਲੋਂ ਮੁਕੱਦਮਾ ਨੰਬਰ 207 ਮਿਤੀ 02.12.2024 ਅ/ਧ 25,27/54/59 ਅਸਲਾ ਐਕਟ ਤਹਿਤ ਉਕਤ ਦੋਸ਼ੀਆਂ ਖਿਲਾਫ ਦਰਜ ਕੀਤਾ ਗਿਆ। ਜਿਸ ਤੇ ਪੁਲਿਸ ਵੱਲੋਂ ਦੋਸ਼ੀਆਂ ਨੂੰ ਛੇਤੀ ਹੀ ਮਾਨਯੋਗ ਅਦਾਲਤ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾਵੇਗਾ